# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times 19 ਦਸੰਬਰ 2025 ਦਿਨ ਸ਼ੁੱਕਰਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਚੜ੍ਹਦੀਕਲਾ ਬ੍ਰਦਰਹੁਡ ਵੈਲਫੇਅਰ ਐਸੋਸੀਏਸ਼ਨ ਵੱਲੋਂ ਲੋੜਵੰਦ ਬੱਚਿਆਂ ਲਈ ਖਿਡੌਣੇ ਦਾਨ ਮੁਹਿੰਮ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 19 ਦਸੰਬਰ : ਛੋਟੇ ਸਾਹਿਬਜ਼ਾਦਿਆਂ ਬਾਬਾ ਜੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਕਰਦੇ ਹੋਏ ਚੜ੍ਹਦੀਕਲਾ ਬ੍ਰਦਰਹੁਡ ਵੈਲਫੇਅਰ ਐਸੋਸੀਏਸ਼ਨ ਵੱਲੋਂ ਲੋੜਵੰਦ ਅਤੇ ਬਿਮਾਰ ਬੱਚਿਆਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਣ ਦੇ ਉਦੇਸ਼ ਨਾਲ ਖਿਡੌਣੇ ਦਾਨ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਮੁਹਿੰਮ ਖ਼ਾਸ ਤੌਰ 'ਤੇ ਬੀਸੀ ਚਿਲਡਰਨ ਹੌਸਪੀਟਲ ਵਿੱਚ ਇਲਾਜ ਅਧੀਨ ਬੱਚਿਆਂ ਲਈ ਸਮਰਪਿਤ ਹੈ।




ਐਸੋਸੀਏਸ਼ਨ ਦੇ ਪ੍ਰਧਾਨ ਜਸਵਿੰਦਰ ਸਿੰਘ ਦਿਲਾਵਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਦਾਨ ਮੁਹਿੰਮ 13 ਦਸੰਬਰ ਤੋਂ 30 ਦਸੰਬਰ ਤੱਕ ਚਲਾਈ ਜਾਵੇਗੀ। ਇਸ ਦੌਰਾਨ ਸਮਾਜਕ ਸੇਵਾ ਨਾਲ ਜੁੜੇ ਵਿਅਕਤੀ ਸਰੀ ਸਥਿਤ 8140–128 ਸਟ੍ਰੀਟ, ਯੂਨਿਟ ਨੰਬਰ 343 'ਤੇ ਨਵੇਂ ਅਤੇ ਪੂਰੀ ਤਰ੍ਹਾਂ ਪੈਕ ਕੀਤੇ ਹੋਏ ਖਿਡੌਣੇ ਦਾਨ ਕਰ ਸਕਦੇ ਹਨ।

ਉਹਨਾਂ ਅਪੀਲ ਕੀਤੀ ਕਿ ਦਾਨ ਕੀਤੇ ਜਾਣ ਵਾਲੇ ਸਾਰੇ ਖਿਡੌਣੇ ਨਵੇਂ ਹੋਣ ਤਾਂ ਜੋ ਬੀਮਾਰ ਬੱਚਿਆਂ ਦੀ ਸਿਹਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਿਆ ਜਾ ਸਕੇ। ਜਸਵਿੰਦਰ ਸਿੰਘ ਦਿਲਾਵਰੀ ਨੇ ਦੱਸਿਆ ਕਿ ਇਕੱਠੇ ਕੀਤੇ ਗਏ ਖਿਡੌਣੇ ਜਨਵਰੀ ਮਹੀਨੇ ਦੇ ਪਹਿਲੇ ਹਫ਼ਤੇ ਬੀਸੀ ਚਿਲਡਰਨ ਹੈਸਪੀਟਲ ਵਿੱਚ ਬੱਚਿਆਂ ਨੂੰ ਭੇਟ ਕੀਤੇ ਜਾਣਗੇ। ਉਹਨਾਂ ਨੇ ਇਹ ਵੀ ਦੱਸਿਆ ਕਿ ਚੜ੍ਹਦੀਕਲਾ ਬ੍ਰਦਰਹੁਡ ਵੈਲਫੇਅਰ ਐਸੋਸੀਏਸ਼ਨ ਵੱਲੋਂ ਪਿਛਲੇ ਸਮੇਂ ਦੌਰਾਨ ਵੀ ਤਕਰੀਬਨ 5000 ਡਾਲਰ ਦੀ ਕੀਮਤ ਦੇ ਖਿਡੌਣੇ ਲੋੜਵੰਦ ਅਤੇ ਬੀਮਾਰ ਬੱਚਿਆਂ ਤੱਕ ਪਹੁੰਚਾਏ ਜਾ ਚੁੱਕੇ ਹਨ। ਐਸੋਸੀਏਸ਼ਨ ਦੀ ਇਹ ਪਹਿਲ ਸਮਾਜਕ ਸੇਵਾ, ਦਇਆ ਅਤੇ ਮਨੁੱਖਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਾਲੀ ਇੱਕ ਕੋਸ਼ਿਸ਼ ਮੰਨੀ ਜਾ ਰਹੀ ਹੈ।

## ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਦੇ ਐਲਾਨੇ ਨਤੀਜ਼ੇ : ਜ਼ਿਲ੍ਹਾ ਚੋਣ ਅਫਸਰ

### ਸੱਤਾਧਿਰ ਪਾਰਟੀ ਨੂੰ ਹਰਾ ਸ਼੍ਰੋਮਣੀ ਅਕਾਲੀ ਦਲ ਨੇ ਲੱਗਭੱਗ ਫੇਰਿਆ ਹੂੰਝਾ:

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ




ਬਠਿੰਡਾ, 19 ਦਸੰਬਰ : ਬੀਤੀ 14 ਦਸੰਬਰ ਨੂੰ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੇ ਅੱਜ ਇਥੇ ਗਿਣਤੀ ਉਪਰੰਤ ਨਤੀਜੇ ਐਲਾਨੇ ਗਏ। ਜ਼ਿਲ੍ਹਾ ਪ੍ਰੀਸ਼ਦ ਦੀਆਂ 17 ਸੀਟਾਂ ਲਈ 63 ਉਮੀਦਵਾਰਾਂ ਤੇ ਪੰਚਾਇਤ ਸੰਮਤੀ ਦੇ 8 ਬਲਾਕਾਂ ਦੀਆਂ 137 ਸੀਟਾਂ ਲਈ 448 ਉਮੀਦਵਾਰ ਚੋਣ ਮੈਦਾਨ ਵਿੱਚ ਸਨ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ।

ਜ਼ਿਲ੍ਹਾ ਚੋਣ ਅਫਸਰ ਨੇ ਬਲਾਕ ਬਠਿੰਡਾ ਦੀ ਗਿਣਤੀ ਲਈ ਸੈਂਟਰ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਵਿਖੇ, ਬਲਾਕ ਮੌੜ ਦਾ ਸੈਂਟਰ ਸੈਮੀਨਾਰ ਹਾਲ ਪੰਜਾਬੀ ਯੂਨੀਵਰਸਿਟੀ ਕੈਂਪਸ ਮੌੜ, ਬਲਾਕ ਰਾਮਪੁਰਾ ਦਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਡੀ ਕਲਾਂ, ਬਲਾਕ ਤਲਵੰਡੀ ਸਾਬੋਂ ਦਾ ਮਲਟੀਪਰਪਜ਼ ਹਾਲ ਸ਼੍ਰੀ ਦਸ਼ਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਤਲਵੰਡੀ ਸਾਬੋ, ਬਲਾਕ ਸੰਗਤ ਦਾ ਸਪੋਰਟਸ ਸਕੂਲ ਘੁੱਦਾ, ਬਲਾਕ ਗੋਨਿਆਣਾ ਦਾ ਸ਼ਹੀਦ ਕੁਲਦੀਪ ਸਿੰਘ ਸਰਕਾਰੀ ਹਾਈ ਸਕੂਲ ਗਿੱਲ ਪੱਤੀ, ਬਲਾਕ ਨਥਾਣਾ ਦਾ ਸਕੂਲ ਆਫ ਐਮੀਨੈਂਸ ਭੁੱਚੋਂ ਕਲਾਂ ਅਤੇ ਬਲਾਕ ਫੂਲ ਅੰਦਰ ਪਈਆਂ ਵੋਟਾਂ ਦੀ ਗਿਣਤੀ ਪੰਜਾਬੀ ਯੂਨੀਵਰਸਿਟੀ, ਟੀ.ਪੀ.ਡੀ. ਮਾਲਵਾ ਕਾਲਜ ਫੂਲ ਵਿਖੇ ਸਥਾਪਤ ਕੀਤਾ ਗਿਆ ਸੀ, ਇਨ੍ਹਾਂ ਸੈਂਟਰਾਂ ਵਿਖੇ ਗਿਣਤੀ ਪ੍ਰਕਿਰਿਆਂ ਸਵੇਰੇ 8 ਵਜੇ ਸ਼ੁਰੂ ਹੋਈ ਸੀ, ਜੋ ਕਿ ਪਾਰਦਰਸ਼ੀ ਤੇ ਸਾਂਤੀਪੂਰਵਕ ਢੰਗ ਨਾਲ ਸੰਪੰਨ ਹੋਈ।

ਜ਼ਿਲ੍ਹਾ ਚੋਣ ਅਫਸਰ ਨੇ ਐਲਾਨੇ ਗਏ ਨਤੀਜਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ 17 ਸੀਟਾਂ 'ਚੋਂ ਆਮ ਆਦਮੀ ਪਾਰਟੀ ਨੇ 4 ਅਤੇ ਸ੍ਰੋਮਣੀ ਆਕਾਲੀ ਦਲ ਨੇ 13 ਸੀਟਾਂ 'ਤੇ ਜਿੱਤ ਪ੍ਰਾਪਤ ਕੀਤੀ। ਇਸੇ ਤਰ੍ਹਾਂ ਪੰਚਾਇਤ ਸੰਮਤੀ ਦੀਆਂ ਕੁੱਲ 137 ਸੀਟਾਂ ਵਿੱਚੋਂ ਆਮ ਆਦਮੀ ਪਾਰਟੀ ਦੇ 35 ਉਮੀਦਵਾਰ, ਸ਼੍ਰੋਮਣੀ ਅਕਾਲੀ ਦਲ ਦੇ 79, ਕਾਂਗਰਸ ਦੇ 16 ਅਤੇ ਅਜ਼ਾਦ 7 ਉਮੀਦਵਾਰ ਜੇਤੂ ਰਹੇ ਹਨ।

ਬਲਾਕ ਸੰਮਤੀ ਦੇ ਚੋਣ ਨਤੀਜਿਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਬਲਾਕ ਗੋਨਿਆਣਾ ਦੀਆਂ ਕੁੱਲ 15 ਸੀਟਾਂ 'ਚੋਂ ਆਮ ਆਦਮੀ ਪਾਰਟੀ ਨੇ 1, ਕਾਂਗਰਸ 2, ਸ੍ਰੋਮਣੀ ਅਕਾਲੀ ਦਲ 11 ਸੀਟਾਂ ਅਤੇ 1 ਸੀਟ ਤੇ ਅਜ਼ਾਦ ਉਮੀਦਵਾਰ ਜੇਤੂ ਰਿਹਾ।

ਬਲਾਕ ਫੂਲ ਦੀਆਂ ਕੁੱਲ 18 ਸੀਟਾਂ 'ਚੋਂ ਆਮ ਆਦਮੀ ਪਾਰਟੀ ਨੇ 6, ਕਾਂਗਰਸ 3 , ਸ੍ਰੋਮਣੀ ਅਕਾਲੀ ਦਲ ਨੇ 8 ਸੀਟਾਂ ਅਤੇ 1 ਅਜ਼ਾਦ ਉਮੀਦਵਾਰ ਜੇਤੂ ਰਿਹਾ।
ਬਲਾਕ ਨਥਾਣਾ ਦੀਆਂ ਕੁੱਲ 16 ਸੀਟਾਂ 'ਚੋਂ ਕਾਂਗਰਸ ਨੇ 2 ਸੀਟਾਂ, ਸ੍ਰੋਮਣੀ ਅਕਾਲੀ ਦਲ ਨੇ 13 ਸੀਟਾਂ ਅਤੇ 1 ਸੀਟ ਤੇ 1 ਅਜ਼ਾਦ ਉਮੀਦਵਾਰ ਜੇਤੂ ਰਿਹਾ।
ਬਲਾਕ ਬਠਿੰਡਾ ਦੀਆਂ ਕੁੱਲ 15 ਸੀਟਾਂ 'ਚੋਂ ਆਮ ਆਦਮੀ ਪਾਰਟੀ ਨੇ 2, ਸ੍ਰੋਮਣੀ ਅਕਾਲੀ ਦਲ ਨੇ 13 ਸੀਟਾਂ 'ਤੇ ਜਿੱਤ ਪ੍ਰਾਪਤ ਕੀਤੀ।
ਬਲਾਕ ਸੰਗਤ ਦੀਆਂ ਕੁੱਲ 15 ਸੀਟਾਂ 'ਚੋਂ ਆਮ ਆਦਮੀ ਪਾਰਟੀ ਨੇ 3, ਕਾਂਗਰਸ ਨੇ 1, ਸ੍ਰੋਮਣੀ ਅਕਾਲੀ ਦਲ ਨੇ 10 ਸੀਟਾਂ ਅਤੇ 1 ਅਜ਼ਾਦ ਉਮੀਦਵਾਰ ਜੇਤੂ ਰਿਹਾ।
ਬਲਾਕ ਰਾਮਪੁਰਾ ਦੀਆਂ ਕੁੱਲ 18 ਸੀਟਾਂ 'ਚੋਂ ਆਮ ਆਦਮੀ ਪਾਰਟੀ ਨੇ 8, ਸ੍ਰੋਮਣੀ ਅਕਾਲੀ ਦਲ ਨੇ 8 ਸੀਟਾਂ ਅਤੇ 2 ਅਜ਼ਾਦ ਉਮੀਦਵਾਰ ਜੇਤੂ ਰਹੇ।
ਬਲਾਕ ਮੌੜ ਦੀਆਂ ਕੁੱਲ 15 ਸੀਟਾਂ 'ਚੋਂ ਆਮ ਆਦਮੀ ਪਾਰਟੀ ਨੇ 6 , ਕਾਂਗਰਸ ਨੇ 2, ਸ੍ਰੋਮਣੀ ਅਕਾਲੀ ਦਲ ਨੈ 6 ਸੀਟਾਂ ਅਤੇ 1 ਸੀਟ ਤੇ ਅਜ਼ਾਦ ਉਮੀਦਵਾਰ ਜੇਤੂ ਰਿਹਾ।
ਬਲਾਕ ਤਲਵੰਡੀ ਸਾਬੋ ਦੀਆਂ ਕੁੱਲ 25 ਸੀਟਾਂ 'ਚੋਂ ਆਮ ਆਦਮੀ ਪਾਰਟੀ ਨੇ 9, ਕਾਂਗਰਸ ਨੇ 6 ਅਤੇ ਸ੍ਰੋਮਣੀ ਅਕਾਲੀ ਦਲ ਨੇ 10 ਸੀਟਾਂ 'ਤੇ ਜਿੱਤ ਪ੍ਰਾਪਤ ਕੀਤੀ।

ਹੁਣ ਦੇਖਿਆ ਜਾਵੇ ਤਾਂ ਜ਼ਿਲਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਅਕਸਰ ਸੱਤਾਧਿਰ ਪਾਰਟੀਆਂ ਜੇਤੂ ਰਹਿੰਦੀਆਂ ਆਈਆਂ ਹਨ। ਪਰ ਪਿਛਲੇ ਲੱਗਭੱਗ 4 ਸਾਲਾਂ ਤੋਂ ਸੱਤਾਧਿਰ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਰਹੀਆਂ ਹਨ ਜਿਵੇਂ ਕਿ ਬਠਿੰਡਾ ਸ਼ਹਿਰੀ ਅਤੇ ਦਿਹਾਤੀ ਵਿਧਾਇਕ ਦਾ ਜਿੱਤ ਕੇ ਦੁਬਾਰਾ ਜਨਤਾ ਨੂੰ ਮੂੰਹ ਨਾ ਦਿਖਾਉਣਾ ਜਨਤਾ ਅਤੇ ਮੀਡੀਆ ਵੱਲੋਂ ਲੋਕਹਿੱਤ ਸਵਾਲ ਕਰਨ ਤੇ ਝੂਠੇ ਮੁਕੱਦਮੇ ਦਾਖ਼ਲ ਕਰਵਾਉਣਾ ਸਮੇਤ ਹੋਰ ਕਈ ਮੁੱਦੇ ਹਨ ਜਿੰਨਾ ਕਰਕੇ ਲੋਕਾਂ ਦੇ ਮਨਾ ਅੰਦਰ ਸਰਕਾਰ ਪ੍ਰਤੀ ਗੁੱਸੇ ਅਤੇ ਵਿਰੋਧ ਦੀ ਭਾਵਨਾ ਹੈ ਜਿਹੜੀ ਕਿ ਲੋਕਾਂ ਵੱਲੋਂ ਇਹਨਾਂ ਵੋਟਾਂ ਮੌਕੇ ਦਿਖਾਈ ਗਈ ਹੈ। ਜੇਕਰ ਆਮ ਆਦਮੀਂ ਪਾਰਟੀ ਆਉਂਦੀਆਂ ਵਿਧਾਨ ਸਭਾ ਚੋਣਾਂ ਜਿੱਤਣੀਆਂ ਚਾਹੁੰਦੀ ਹੈ ਤਾਂ ਇਸ ਥੋੜੇ ਜਿਹੇ ਬਚੇ ਸਮੇਂ ਚ ਬਹੁਤ ਕੰਮ ਕਰਨ ਦੇ ਨਾਲ ਨਾਲ ਬਹੁਤ ਸਾਰੇ ਬਦਲਾਅ ਲਿਆਉਣ ਦੀ ਲੋੜ ਹੈ।

## ਵੋਟਾਂ ਆਈਆਂ ਨੇ

ਸੋਚ ਸਮਝ ਕੇ ਬਟਨ ਦਬਾਇਓ, ਵੋਟਾਂ ਆਈਆਂ ਨੇ।
ਫਿਰ ਨਾ ਪਿੱਛੋਂ ਲੋਕੋ ਪਛਤਾਇਓ, ਵੋਟਾਂ ਆਈਆਂ ਨੇ।
ਮੁਫਤ ਕਣਕ ਤ੍ਹੇ ਮੋਬਾਈਲ ਫ਼ੋਨ ਦੇਣ ਵਾਲਿਆਂ ਨੂੰ,
ਰੁਜ਼ਗਾਰ ਦੇ ਅਰਥ ਸਮਝਾਇਓ, ਵੋਟਾਂ ਆਈਆਂ ਨੇ।
ਦਾਰੂ ਦੀਆਂ ਬੋਤਲਾਂ ਤੇ ਅਫੀਮ ਵੰਡਣ ਵਾਲਿਆਂ ਨੂੰ,
ਆਪਣੇ ਪੁੱਤਾਂ ਦਾ ਵਾਸਤਾ ਪਾਇਓ, ਵੋਟਾਂ ਆਈਆਂ ਨੇ।
ਧਰਮਾਂ ਤੇ ਜ਼ਾਤਾਂ ਦੇ ਨਾਂ ਲੈ ਕੇ ਵੋਟਾਂ ਮੰਗਣ ਵਾਲਿਆਂ ਨੂੰ,
ਬਾਹਰ ਦਾ ਰਸਤਾ ਦਿਖਾਇਓ, ਵੋਟਾਂ ਆਈਆਂ ਨੇ।
ਵੋਟ ਉਸ ਨੂੰ ਪਾਇਓ,ਜੋ ਤੁਹਾਡੀ ਵੋਟ ਦਾ ਹੱਕਦਾਰ ਹੋਵੇ,
ਜਣੇ, ਖਣੇ ਨੂੰ ਮੂੰਹ ਨਾ ਲਾਇਓ, ਵੋਟਾਂ ਆਈਆਂ ਨੇ।
ਸੋਹਣੀਆਂ ਸ਼ਕਲਾਂ ਦੇਖ ਕੇ ਨਾ ਪਸੀਜ ਜਾਇਓ,
ਕੰਮ ਕਰਨ ਵਾਲਿਆਂ ਨੂੰ ਹੀ ਜਿਤਾਇਓ, ਵੋਟਾਂ ਆਈਆਂ ਨੇ।
ਜਿੱਤਣ ਪਿੱਛੋਂ ਜਿਨ੍ਹਾਂ ਦੇ ਦਰਸ਼ਨ ਦੁਰਲੱਭ ਹੋ ਜਾਂਦੇ ਨੇ,
ਉਨ੍ਹਾਂ ਦੇ ਗਲਾਂ 'ਚ ਹਾਰ ਨਾ ਪਾਇਓ, ਵੋਟਾਂ ਆਈਆਂ ਨੇ।
ਵੋਟਾਂ ਦੇ ਦਿਨਾਂ 'ਚ ਸਾਰੇ ਚੰਗੇ ਬਣ ਕੇ ਦੱਸਦੇ ਨੇ,
ਅਸਲ ਚੰਗਿਆਂ ਨੂੰ ਅੱਗੇ ਲਿਆਇਓ, ਵੋਟਾਂ ਆਈਆਂ ਨੇ।



ਵਰਲਡ ਪੰਜਾਬੀ ਟਾਈਮਜ਼ ਮਹਿੰਦਰ ਸਿੰਘ ਮਾਨ

## ਨਾਮਧਾਰੀ ਸਿੱਖਾਂ ਵੱਲੋਂ ਬਾਬਾ ਹਰਨਾਮ ਸਿੰਘ ਖਾਲਸਾ (ਧੁੰਮਾਂ) ਦਾ ਸਮਰਥਨ ਅਤੇ ਸ਼ਲਾਘਾ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ, 19 ਦਸੰਬਰ : ਪਿਛਲੇ ਦਿਨੀ ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ ਭਾਜਪਾ ਸਰਕਾਰ ਨਾਲ ਮਿਲ ਕੇ ਨੌਵੀਂ ਪਾਤਸ਼ਾਹੀ ਦਾ ਸ਼ਹੀਦੀ ਦਿਵਸ ਮੁੰਬਈ ਵਿੱਚ ਮਨਾਉਣ ਦੀ ਸ਼ਲਾਘਾ ਕਰਦੇ ਹੋਏ ਨਾਮਧਾਰੀ ਆਗੂ ਸੂਬਾ ਅਮਰੀਕ ਸਿੰਘ ਨੇ ਕਿਹਾ ਕਿ ਨਾਮਧਾਰੀ ਸੰਗਤ, ਸੰਤ ਹਰਨਾਮ ਸਿੰਘ ਖਾਲਸਾ ਦੇ ਇਸ ਕਾਰਜ ਦੀ ਭਰਪੂਰ ਸ਼ਲਾਘਾ ਕਰਦੀ ਹੈ।




ਸੰਤ ਹਰਨਾਮ ਸਿੰਘ ਨੇ ਦਮਦਮੀ ਟਕਸਾਲ ਵੱਲੋਂ, ਭਾਜਪਾ ਸਰਕਾਰ ਨਾਲ ਮਿਲ ਕੇ, ਮਹਾਰਾਸ਼ਟਰ ਵਿੱਚ ਜੋ ਸਤਿਗੁਰੂ ਤੇਗ ਬਹਾਦਰ ਜੀ ਦੀ 350 ਸਾਲਾ (ਅਰਧਸ਼ਤਾਬਦੀ) ਸ਼ਹੀਦੀ ਯਾਦ ਮਨਾਈ ਹੈ, ਉਸ ਦੀ ਅਸੀਂ ਨਾਮਧਾਰੀ ਸਿੱਖ ਮੁਕਤ ਕੰਠ ਨਾਲ ਸ਼ਲਾਘਾ ਕਰਦੇ ਹਾਂ। ਐਸੇ ਉੱਤਮ ਕਾਰਜਾਂ ਵਾਸਤੇ, ਆਪਣੇ ਵਰਤਮਾਨ ਗੁਰੂ ਠਾਕੁਰ ਦਲੀਪ ਸਿੰਘ ਦੀ ਆਗਿਆ ਅਨੁਸਾਰ, ਨਾਮਧਾਰੀ ਸਿੱਖ: ਪੂਰੀ ਤਰ੍ਹਾਂ ਸੰਤ ਹਰਨਾਮ ਸਿੰਘ ਖਾਲਸਾ ਦੇ ਨਾਲ ਹਨ।

ਬਾਬਾ ਜੀ ਵੱਲੋਂ ਐਸਾ ਸ਼ੁਭ ਕਾਰਜ ਕਰਨ ਕਰਕੇ, ਜਿੱਥੇ ਭਾਜਪਾ ਸਰਕਾਰ ਵਿੱਚ ਅਤੇ ਸਾਰੇ ਭਾਰਤ ਵਿੱਚ ਇੱਕ ਸੰਦੇਸ਼ ਗਿਆ ਹੈ। ਉਥੇ ਸਰਕਾਰੀ ਪੱਧਰ ਉੱਪਰ ਇਸ ਸ਼ਹੀਦੀ ਦਿਵਸ ਨੂੰ ਮਨਾਉਣ ਕਾਰਨ, ਮਹਾਰਾਸ਼ਟਰ ਵਿੱਚ ਵੀ ਵੱਧ ਤੋਂ ਵੱਧ ਲੋਕਾਂ ਤੱਕ ਜਾਣਕਾਰੀ ਪਹੁੰਚੀ ਹੈ, ਗੁਰੂ-ਜਸ ਪਹੁੰਚਿਆ ਹੈ। ਇਸ ਸ਼ੁਭ ਕਾਰਜ ਨਾਲ ਜਿੱਥੇ ਗੁਰੂ-ਜਸ ਹੋਇਆ ਹੈ: ਉਥੇ ਹਿੰਦੂ-ਸਿੱਖ ਏਕਤਾ ਵੀ ਹੋਈ ਹੈ। ਜਿਹੜੇ ਮੋਨੇ ਵੀਰ, ਗੁਰੂ ਕੇ ਸ਼ਰਧਾਲੂ ਹਨ, (ਜਿਨਾਂ ਨੂੰ ਹਿੰਦੂ ਕਿਹਾ ਜਾਂਦਾ ਹੈ) ਉਹ ਹੋਰ ਵੀ ਦ੍ਰਿੜ ਸ਼ਰਧਾਲੂ ਬਣੇ ਹਨ। ਇਸ ਤਰ੍ਹਾਂ ਹਿੰਦੂ-ਸਿੱਖ ਏਕਤਾ ਵੱਲ ਨੂੰ ਇੱਕ ਵਧੀਆ ਪੁਲਾਂਘ ਪੁੱਟੀ ਗਈ ਹੈ। ਇਸ ਕਾਰਜ ਨਾਲ ਸਿੱਖ ਪੰਥ ਵਿੱਚ ਵਾਧਾ ਹੋਏਗਾ, ਕਿਉਂਕਿ ਸਿਰਫ ਕੇਸਾਧਾਰੀ-ਅੰਮ੍ਰਿਤਧਾਰੀ ਹੀ "ਸਿੱਖ" ਨਹੀਂ ਹਨ। ਹਰ ਗੁਰੂ ਕਾ ਸ਼ਰਧਾਲੂ "ਸਿੱਖ" ਹੈ। ਨਾਮਧਾਰੀ ਸਿੱਖਾਂ ਨੇ ਇਸ ਅਤਿਅੰਤ ਉੱਤਮ ਕਾਰਜ ਵਾਸਤੇ ਸੰਤ ਹਰਿਨਾਮ ਸਿੰਘ ਖਾਲਸਾ ਨੂੰ ਵਧਾਈ ਦਿੱਤੀ ਹੈ।

## ਮਦਨ ਲਾਲ ਇੰਸਾਂ ਵੀ ਹੋਏ ਸਰੀਰ ਦਾਨੀਆਂ ਚ ਸ਼ਾਮਿਲ, ਬਲਾਕ ਬਠਿੰਡਾ ਦੇ 127ਵੇਂ ਸਰੀਰ ਦਾਨੀ ਬਣੇ

### ਡੇਰਾ ਸੱਚਾ ਸੌਦਾ ਦੀ ਪੁੱਤ ਧੀ ਇੱਕਸਮਾਂਨ ਦੀ ਸਿੱਖਿਆ ਮੁਤਾਬਕ ਪੁੱਤਰਾਂ ਦੇ ਨਾਲ਼ ਧੀਆਂ ਤੇ ਨੂੰਹਾਂ ਨੇ ਵੀ ਦਿੱਤਾ ਮੋਢਾ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ, 19 ਦਸੰਬਰ : ਡੇਰਾ ਸੱਚਾ ਸੌਦਾ ਦੀ ਸਾਧ ਸੰਗਤ ਵੱਲੋਂ 170 ਮਾਨਵਤਾ ਭਲਾਈ ਦੇ ਕਾਰਜ ਕੀਤੇ ਜਾ ਰਹੇ ਹਨ ਇਸੇ ਲੜੀ ਤਹਿਤ ਅਮਰ ਸੇਵਾ ਮੁਹਿੰਮ ਤਹਿਤ ਅੱਜ ਬਲਾਕ ਬਠਿੰਡਾ 'ਚ 127ਵਾਂ ਸਰੀਰਦਾਨ ਹੋਇਆ। ਬਲਾਕ ਬਠਿੰਡਾ ਦੇ ਏਰੀਆ ਮਾਡਲ ਟਾਊਨ ਦੇ ਡੇਰਾ ਸ਼ਰਧਾਲੂ ਲੰਗਰ ਸੰਮਤੀ ਅਤੇ ਸੱਚੀ ਸੀਨੀਅਰ ਪ੍ਰੇਮੀ ਸੰਮਤੀ ਦੇ ਅਣਥੱਕ ਸੇਵਾਦਾਰ ਮਦਨ ਲਾਲ ਇੰਸਾਂ ਦੀ ਮੌਤ ਤੋਂ ਬਾਅਦ ਉਸ ਵੱਲੋਂ ਕੀਤੇ ਗਏ ਪ੍ਰਣ ਨੂੰ ਪੂਰਾ ਕਰਦਿਆਂ ਉਸਦੇ ਪਰਿਵਾਰਕ ਮੈਂਬਰਾਂ ਨੇ ਮ੍ਰਿਤਕ ਦੇਹ ਨੂੰ ਮੈਡੀਕਲ ਖੋਜਾਂ ਲਈ ਦਾਨ ਕਰ ਦਿੱਤਾ। ਪ੍ਰਾਪਤ ਵੇਰਵਿਆਂ ਅਨੁਸਾਰ ਸੇਵਾਦਾਰ ਮਦਨ ਲਾਲ ਗਰਗ ਇੰਸਾਂ (67) ਸ਼ਾਂਤ ਨਗਰ, ਬਠਿੰਡਾ ਦੇ ਦੇਹਾਂਤ ਤੋਂ ਬਾਅਦ ਉਸਦੀ ਪਤਨੀ ਸ਼ਿਮਲਾ ਰਾਣੀ ਇੰਸਾਂ, ਪੁੱਤਰ ਸਾਹਿਲ ਇੰਸਾਂ, ਰਾਜਨ ਇੰਸਾਂ, ਧੀਆਂ ਦੀਪਿਕਾ ਇੰਸਾਂ, ਗੀਤਿਕਾ ਇੰਸਾਂ ਅਤੇ ਹੋਰ ਪਰਿਵਾਰਕ ਮੈਂਬਰਾਂ ਨੇ ਅੰਤਿਮ ਸਸਕਾਰ ਕਰਨ ਦੀ ਬਜਾਏ ਸਰੀਰ ਨੂੰ ਮੈਡੀਕਲ ਖੋਜਾਂ ਲਈ ਐੱਨ ਸੀ ਮੈਡੀਕਲ ਕਾਲਜ ਅਤੇ ਹਸਪਤਾਲ, ਰੋਹਤਕ ਰੋਡ, ਇਸਰਾਣਾ ਪਾਨੀਪਤ (ਹਰਿਆਣਾ) ਨੂੰ ਦਾਨ ਕੀਤਾ। ਸੇਵਾਦਾਰ ਮਦਨ ਲਾਲ ਇੰਸਾਂ ਅਮਰ ਰਹੇ, ਜਬ ਤੱਕ ਸੂਰਜ ਚਾਂਦ ਰਹੇਗਾ ਮਦਨ ਲਾਲ ਇੰਸਾਂ ਤੇਰਾ ਨਾਮ ਰਹੇਗਾ ਦੇ ਨਾਅਰਿਆਂ ਨਾਲ ਮ੍ਰਿਤਕ ਦੀ ਦੇਹ ਨੂੰ ਰਿਸ਼ਤੇਦਾਰਾਂ, ਸਨੇਹੀਆਂ ਅਤੇ ਵੱਡੀ ਗਿਣਤੀ 'ਚ ਬਲਾਕ ਦੀ ਸਾਧ-ਸੰਗਤ ਤੋਂ ਇਲਾਵਾ ਇਲਾਕਾ ਨਿਵਾਸੀਆਂ ਨੇ ਮ੍ਰਿਤਕ ਦੇ ਨਿਵਾਸ ਸਥਾਨ ਤੋਂ ਕਾਫਲੇ ਦੇ ਰੂਪ 'ਚ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਏਰੀਆ ਪ੍ਰੇਮੀ ਸੇਵਕ ਮੋਹਿਤ ਇੰਸਾਂ ਅਤੇ ਪ੍ਰੇਮੀ ਸੇਵਕ ਭੈਣ ਵੀਰਪਾਲ ਇੰਸਾਂ ਨੇ ਦੱਸਿਆ ਬੀਤੀ ਰਾਤ ਮਦਨ ਲਾਲ ਦਾ ਦੇਹਾਂਤ ਹੋ ਗਿਆ ਸੀ, ਉਹ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਚੱਲ ਰਹੇ ਸਨ, ਇਨਾਂ ਦੇ ਸਾਰੇ ਹੀ ਪਰਿਵਾਰ ਨੇ ਮੌਤ ਉਪਰੰਤ ਸਰੀਰਦਾਨ ਕਰਨ ਦਾ ਪ੍ਰਣ ਲਿਆ ਹੋਇਆ ਹੈ ਜਿਸ ਤੇ ਚਲਦਿਆਂ ਉਨਾਂ ਦੀ ਇਸ ਇੱਛਾ ਨੂੰ ਪਰਿਵਾਰਕ ਮੈਂਬਰਾਂ ਨੇ ਪੂਰਾ ਕੀਤਾ ਹੈ। ਇਸ ਮੌਕੇ ਉਨਾਂ ਦੇ ਸਾਥੀ ਰਾਮ ਸਿੰਘ ਇੰਸਾਂ ਅਤੇ ਦੇਵ ਦੱਤ ਧਿਮਾਨ ਇੰਸਾਂ ਨੇ ਦੱਸਿਆ ਕਿ ਮਦਨ ਲਾਲ ਇੰਸਾਂ ਦਿਨ ਰਾਤ ਦੀ ਪ੍ਰਵਾਹ ਕੀਤੇ ਬਿਨਾਂ ਹਰ ਵੇਲੇ ਮਾਨਵਤਾ ਭਲਾਈ ਦੇ ਕਾਰਜਾਂ 'ਚ ਅੱਗੇ ਰਹਿੰਦੇ ਸਨ। ਡੇਰਾ ਸੱਚਾ ਸੌਦਾ ਵੱਲੋਂ ਚਲਾਈ ਗਈ ਰੀਤ ਧੀਆਂ-ਪੁੱਤਰ ਇੱਕ ਸਮਾਨ ਤੇ ਚਲਦਿਆਂ ਮਦਨ ਲਾਲ ਇੰਸਾਂ ਦੇ ਪੁੱਤਰਾਂ ਦੇ ਨਾਲ-ਨਾਲ ਧੀਆਂ ਅਤੇ ਨੂੰਹਾਂ ਵੱਲੋਂ ਵੀ ਅਰਥੀ ਨੂੰ ਮੋਢਾ ਦਿੱਤਾ ਗਿਆ। ਇਸ ਮੌਕੇ ਸੱਚੇ ਨਿਮਰ ਸੇਵਾਦਾਰ ਗੁਰਮੇਲ ਸਿੰਘ ਇੰਸਾਂ, ਗੁਰਦੇਵ ਸਿੰਘ ਇੰਸਾਂ, ਜੀਵਨ ਇੰਸਾਂ, ਬਲਾਕ ਪ੍ਰੇਮੀ ਸੇਵਕ ਇੰਜ. ਗੁਰਤੇਜ ਸਿੰਘ ਇੰਸਾਂ, ਏਰੀਆ ਮਾਡਲ ਟਾਊਨ ਦੇ ਸੱਚੀ ਪ੍ਰੇਮੀ ਸੰਮਤੀ ਦੇ ਸੇਵਾਦਾਰ ਨਰਿੰਦਰ ਇੰਸਾਂ, ਗਗਨ ਇੰਸਾਂ, ਰਾਹੁਲ ਇੰਸਾਂ, ਮੁਕੁਲ ਛਾਬੜਾ ਇੰਸਾਂ, ਭੈਣ ਵੀਨਾ ਇੰਸਾਂ, ਸਤਵੀਰ ਇੰਸਾਂ, ਗੁਲਾਬੋ ਇੰਸਾਂ, ਸੱਚੀ ਸੀਨੀਅਰ ਪ੍ਰੇਮੀ ਸੰਮਤੀ ਦੇ ਸੇਵਾਦਾਰ ਗੁਰਮੀਤ ਸਿੰਘ ਇੰਸਾਂ, ਸੱਜਣ ਵਾਲੀਆ ਇੰਸਾਂ, ਜਗਨ ਨਾਥ ਇੰਸਾਂ, ਭੈਣ ਕਿਰਨਾ ਇੰਸਾਂ, ਕਿਰਨਾ ਰਾਣੀ ਇੰਸਾਂ, ਬਲਾਕ ਬਠਿੰਡਾ ਦੇ ਵੱਖ-ਵੱਖ ਏਰੀਆ ਦੇ ਸੱਚੀ ਪ੍ਰੇਮੀ ਸੰਮਤੀਆਂ, ਸੱਚੀ ਸੀਨੀਅਰ ਪ੍ਰੇਮੀ ਸੰਮਤੀਆਂ ਦੇ ਸੇਵਾਦਾਰ, ਸ਼ਾਹ ਸਤਿਨਾਮ ਜੀ ਗਰੀਨ ਐਸ ਵੈਲਫੇਅਰ ਕਮੇਟੀ ਦੇ ਸੇਵਾਦਾਰ, ਵੱਖ-ਵੱਖ ਸੰਮਤੀਆਂ ਦੇ ਜਿੰਮੇਵਾਰ, ਸੇਵਾਦਾਰ, ਰਿਸ਼ਤੇਦਾਰ, ਸਨੇਹੀ ਅਤੇ ਇਲਾਕਾ ਨਿਵਾਸੀਆਂ ਤੋਂ ਇਲਾਵਾ ਵੱਡੀ ਗਿਣਤੀ ਸਾਧ ਸੰਗਤ ਹਾਜਰ ਸੀ।

## ਪਿੰਡ ਸਿੱਖਾਂਵਾਲਾ ਵਿਖੇ 15ਵੇਂ ਕਾਸਕੋ ਕ੍ਰਿਕਟ ਟੂਰਨਾਮੈਂਟ ਦਾ ਮਨਪ੍ਰੀਤ ਸਿੰਘ ਮਣੀ ਧਾਲੀਵਾਲ ਵੱਲੋਂ ਉਦਘਾਟਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 19 ਦਸੰਬਰ : ਕੋਟਕਪੂਰਾ ਦੇ ਨੇੜਲੇ ਪਿੰਡ ਸਿੱਖਾਂਵਾਲਾ ਦੀ ਆਜ਼ਾਦ ਸਪੋਰਟਸ ਵੈਲਫੇਅਰ ਸੁਸਾਇਟੀ ਵੱਲੋਂ ਨਗਰ ਨਿਵਾਸੀਆਂ ਅਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ 15ਵਾਂ ਸ਼ਾਨਦਾਰ ਕਾਸਕੋ ਕ੍ਰਿਕਟ ਟੂਰਨਾਮੈਂਟ ਮਿਤੀ 18 ਦਸੰਬਰ ਤੋਂ 21 ਦਸੰਬਰ ਤੱਕ ਖੇਡ ਗਰਾਊਂਡ ਪਿੰਡ ਸਿੱਖਾਂਵਾਲਾ ਵਿਖੇ ਕਰਵਾਇਆ ਜਾ ਰਿਹਾ ਹੈ।

ਟੂਰਨਾਮੈਂਟ ਦੇ ਪਹਿਲੇ ਦਿਨ ਦਾ ਸ਼ੁਭ ਆਰੰਭ ਬਾਬਾ ਸ਼ਾਮ ਸਿੰਘ ਜੀ ਵੱਲੋਂ ਅਰਦਾਸ ਬੇਨਤੀ ਕਰਨ ਉਪਰੰਤ ਮਨਪ੍ਰੀਤ ਸਿੰਘ ਮਣੀ ਧਾਲੀਵਾਲ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਮਣੀ ਧਾਲੀਵਾਲ ਨੇ ਪਿੰਡ ਦੇ ਨੌਜਵਾਨਾਂ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜੀ ਰੱਖਣ ਲਈ ਸਾਰਿਆਂ ਨੂੰ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਸਹਿਯੋਗ ਦੇਣਾ ਚਾਹੀਦਾ ਹੈ।

ਕਲੱਬ ਦੇ ਪ੍ਰਧਾਨ ਸੁਖਚੈਨ ਸਿੰਘ ਅਤੇ ਜਗਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲੇ ਦਿਨ ਦਾ ਪਹਿਲਾ ਮੈਚ ਪਿੰਡ ਚਮੇਲੀ ਅਤੇ ਟਹਿਣਾ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ, ਜਦਕਿ ਦੂਜਾ ਮੈਚ ਕੋਟਕਪੂਰਾ ਅਤੇ ਮੱਤਾ ਦੀਆਂ ਟੀਮਾਂ ਦਰਮਿਆਨ ਹੋਇਆ। ਪਹਿਲੇ ਦਿਨ ਲਗਭਗ ਵੀਹ ਟੀਮਾਂ ਨੇ ਟੂਰਨਾਮੈਂਟ ਵਿੱਚ ਭਾਗ ਲਿਆ।

ਕਲੱਬ ਮੈਂਬਰ ਸਵਤੰਤਰ ਸਿੰਘ ਸੰਧੂ, ਰਘਬੀਰ ਸਿੰਘ, ਇੰਦਰਜੀਤ ਸਿੰਘ, ਨਿੱਕਾ ਇਲੈਕਟ੍ਰੀਸ਼ਨ, ਹਰਪ੍ਰੀਤ ਸਿੰਘ ਅਤੇ ਹਰਵਿੰਦਰ ਸਿੰਘ (ਪੀਪੀ) ਨੇ ਦੱਸਿਆ ਕਿ ਟੂਰਨਾਮੈਂਟ ਦੀ ਜੇਤੂ ਟੀਮ ਨੂੰ ਪਹਿਲਾ ਇਨਾਮ 22,000 ਰੁਪਏ, ਦੂਜੇ ਨੰਬਰ ਦੀ ਟੀਮ ਨੂੰ 12,000 ਰੁਪਏ, ਜਦਕਿ ਤੀਜੇ ਅਤੇ ਚੌਥੇ ਨੰਬਰ ਲਈ 3,100-3,100 ਰੁਪਏ ਦੇ ਇਨਾਮ ਦਿੱਤੇ ਜਾਣਗੇ। ਇਹ ਇਨਾਮ ਬਲਕਰਨ ਸਿੰਘ (ਕੈਨੇਡਾ), ਹਰਦੇਵ ਸਿੰਘ ਸੰਧੂ (ਕੈਨੇਡਾ), ਗੁਰਤੇਜ ਸਿੰਘ ਨੰਬਰਦਾਰ ਅਤੇ ਗੁਲਵਿੰਦਰ ਸਿੰਘ ਨੰਬਰਦਾਰ ਵੱਲੋਂ ਦਿੱਤੇ ਜਾਣਗੇ।

ਟੂਰਨਾਮੈਂਟ ਦੇ ਅਖੀਰਲੇ ਦਿਨ, ਮਿਤੀ 21 ਦਸੰਬਰ ਨੂੰ ਇਨਾਮ ਵੰਡਣ ਦੀ ਰਸਮ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਨਿਭਾਈ ਜਾਵੇਗੀ।ਇਸ ਮੌਕੇ ਪਿੰਡ ਸਿੱਖਾਂਵਾਲਾ ਦੇ ਸਰਪੰਚ ਹਰਬੰਸ ਸਿੰਘ, ਪਿੰਡ ਚਮੇਲੀ ਦੇ ਸਰਪੰਚ ਦਿਲਬਾਗ ਸਿੰਘ ਬਰਾੜ, ਗੁਰਚਰਨ ਸਿੰਘ ਬਲਾਕ ਸੰਮਤੀ ਮੈਂਬਰ, ਚੰਨਾ ਸੰਧੂ ਮੈਂਬਰ, ਨਿਰਮਲ ਸਿੰਘ ਢਿੱਲੋਂ, ਰਣਧੀਰ ਸਿੰਘ ਮੈਂਬਰ, ਰਣਬੀਰ ਸਿੰਘ ਖ਼ਾਲਸਾ ਮੈਂਬਰ ਅਤੇ ਸਰਦੂਲ ਸਿੰਘ ਨੰਬਰਦਾਰ , ਦਵਿੰਦਰ ਸਿੰਘ ਰਾਜਾ ਬਰਾੜ, ਮਾਧੋ ਧਾਲੀਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।